ਜ਼ਿਲ੍ਹਾ ਚੋਣ ਅਫ਼ਸਰ ਵੱਲੋਂ ਨਗਰ ਪੰਚਾਇਤ ਖੇਮਕਰਨ ਦੀਆਂ ਚੋਣਾਂ ਨੂੰ ਲੈ ਕੇ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਕੀਤੀ ਗਈ ਮੀਟਿੰਗ

17 ਦਸੰਬਰ ਨੂੰ ਸਵੇਰੇ 8 ਵਜੇ ਤੋਂ ਸ਼ਾਮ 4 ਵਜੇ ਤੱਕ ਪੈਣਗੀਆਂ ਵੋਟਾਂ

ਘ ਨਗਰ ਪੰਚਾਇਤ ਖੇਮਕਰਨ ਦੀ ਹਦੂਦ ਅੰਦਰ 17 ਦਸੰਬਰ ਨੂੰ ਰਹੇਗਾ ਡਰਾਈ-ਡੇ

ਤਰਨਤਾਰਨ, 7 ਦਸੰਬਰ :

ਨਗਰ ਪੰਚਾਇਤ ਖੇਮਕਰਨ ਦੀਆਂ ਹੋਣ ਵਾਲੀਆਂ ਚੋਣਾਂ ਦੇ ਸਬੰਧ ਵਿੱਚ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਤਰਨਤਾਰਨ ਸ੍ਰੀ ਪਰਦੀਪ ਕੁਮਾਰ ਸੱਭਰਵਾਲ ਨੇ ਅੱਜ ਵੱਖ-ਵੱਖ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਮੀਟਿੰਗ ਕੀਤੀ। ਇਸ ਮੌਕੇ ’ਤੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਪ੍ਰੋ. ਰਾਕੇਸ਼ ਕੁਮਾਰ, ਚੋਣ ਅਬਜ਼ਰਵਰ ਸ੍ਰੀ ਟੀ.ਪੀ. ਸਿੰਘ ਸੰਧੂ ਤੋਂ ਇਲਾਵਾ ਵੱਖ-ਵੱਖ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦੇ ਹਾਜ਼ਰ ਸਨ।



ਇਸ ਮੌਕੇ ’ਤੇ ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਨਗਰ ਪੰਚਾਇਤ ਖੇਮਕਰਨ ਦੀਆਂ ਚੋਣਾਂ ਕਰਵਾਉਣ ਲਈ ਐਸ.ਡੀ.ਐਮ. ਪੱਟੀ ਨੂੰ ਰਿਟਰਨਿੰਗ ਅਫ਼ਸਰ ਅਤੇ ਨਾਇਬ  ਤਹਿਸੀਲਦਾਰ ਨੂੰ ਸਹਾਇਕ ਰਿਟਰਨਿੰਗ ਅਫ਼ਸਰ ਤਾਇਨਾਤ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਨਗਰ ਪੰਚਾਇਤ ਖੇਮਕਰਨ ਵਿੱਚ ਕੁੱਲ 13 ਵਾਰਡ ਹਨ ਅਤੇ 8666 ਯੋਗ ਵੋਟਰ ਹਨ, ਜਿੰਨ੍ਹਾਂ ਵਿੱਚ 4097 ਔਰਤਾਂ ਅਤੇ 4579 ਮਰਦ  ਸ਼ਾਮਲ ਹਨ।

ਉਨ੍ਹਾਂ ਦੱਸਿਆ ਕਿ ਨਗਰ ਪੰਚਾਇਤ ਦੀ ਚੋਣ ਕਰਵਾਉਣ ਲਈ ਕੁੱਲ 13 ਬੂਥ ਬਣਾਏ ਗਏ ਹਨ ਅਤੇ ਚੋਣ ਪ੍ਰਕਿਰਿਆ ਦੇ ਮੁਕੰਮਲ ਹੋਣ ਤੱਕ ਨਗਰ ਪੰਚਾਇਤ ਖੇਮਕਰਨ ਦੇ ਅਧਿਕਾਰ ਖੇਤਰ ਵਿੱਚ ਕਿਸੇ ਨੂੰ ਵੀ ਅਸਲਾ ਲੈ ਕੇ ਘੁੰਮਣ ਤੇ ਮਨਾਹੀ ਹੋਵੇਗੀ ਅਤੇ ਸਾਰੇ ਅਸਲਾ ਲਾਇਸੰਸ ਹੋਲਡਰ ਆਪਣਾ ਅਸਲਾ ਸਬੰਧਿਤ ਥਾਣੇ ਵਿੱਚ ਜਮ੍ਹਾਂ ਕਰਵਾਉਣਗੇ।
ਉਨ੍ਹਾਂ ਦੱਸਿਆ ਕਿ 17 ਦਸੰਬਰ 2017 ਨੂੰ ਚੋਣ ਕਮਿਸ਼ਨ ਪੰਜਾਬ ਦੀਆਂ ਹਦਾਇਤਾਂ ਅਨੁਸਾਰ ਨਗਰ ਪੰਚਾਇਤ ਖੇਮਕਰਨ ਦੀ ਹਦੂਦ ਅੰਦਰ ਡਰਾਈ-ਡੇ ਰਹੇਗਾ। ਉਨ੍ਹਾਂ ਦੱਸਿਆ ਕਿ ਨਗਰ ਪੰਚਾਇਤ ਖੇਮਕਰਨ ਦੀਆਂ 13 ਵਾਰਡਾਂ ਲਈ ਕੁੱਲ 47 ਉਮੀਦਵਾਰਾਂ ਵੱਲੋਂ ਨਾਮਜ਼ਦਗੀਆਂ ਪ੍ਰਾਪਤ ਹੋਈਆਂ ਹਨ। ਉਨ੍ਹਾਂ ਦੱਸਿਆ ਕਿ 8 ਦਸੰਬਰ ਤੱਕ ਉਮੀਦਵਾਰਾਂ ਵੱਲੋਂ ਨਾਮਜ਼ਦਗੀ ਪੱਤਰ ਵਾਪਸ ਲਏ ਜਾ ਸਕਣਗੇ। ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ 17 ਦਸੰਬਰ ਨੂੰ ਸਵੇਰੇ 8 ਵਜੇ ਤੋਂ ਸ਼ਾਮ 4 ਵਜੇ ਤੱਕ ਵੋਟਾਂ ਪੈਣਗੀਆਂ, ਜਿਹੜੇ ਵੋਟਰ ਪੋਲ ਦਾ ਸਮਾਂ ਖ਼ਤਮ ਹੋਣ ਵਾਲੇ ਪੋਲਿੰਗ ਸਟੇਸ਼ਨ ’ਤੇ ਮੌਜੂਦ ਹੋਣਗੇ, ਉਨ੍ਹਾਂ ਨੂੰ ਵੋਟ ਪਾਉਣ ਦਾ ਅਧਿਕਾਰ ਹੋਵੇਗਾ। ਵੋਟਾਂ ਦੀ ਗਿਣਤੀ ਵੋਟ ਦਾ ਕੰਮ ਮੁਕੰਮਲ ਹੋਣ ਤੋਂ ਬਾਅਦ ਪੋਲਿੰਗ ਬੂਥ ’ਤੇ ਹੀ ਕੀਤੀ ਜਾਵੇਗੀ।
----------------------------